ਜਿਲ੍ਹਾ ਤਰਨਤਾਰਨ ਦੀਆਂ ਮੰਡੀਆਂ ਵਿੱਚੋਂ ਪਿਛਲੇ ਸਾਲ ਨਾਲੋਂ ਲਗਭਗ 30 ਫ਼ੀਸਦੀ ਵੱਧ ਕੀਤੀ ਗਈ ਝੋਨੇ ਦੀ ਖਰੀਦ : ਡਿਪਟੀ ਕਮਿਸ਼ਨਰ

ਜ਼ਿਲ੍ਹੇ ਦੇ ਕਿਸਾਨਾਂ ਨੂੰ ਖਰੀਦ ਕੀਤੇ ਗਏ ਝੋਨੇ ਦੀ 1 ਹਜ਼ਾਰ 14 ਕਰੋੜ 27 ਲੱਖ ਰੁਪਏ ਦੀ ਕੀਤੀ ਅਦਾਇਗੀ

ਤਰਨਤਾਰਨ, 22 ਨਵੰਬਰ :

ਜ਼ਿਲ੍ਹਾ ਤਰਨਤਾਰਨ ਦੀਆਂ ਮੰਡੀਆਂ ਵਿੱਚੋਂ ਪਿਛਲੇ ਸਾਲ ਨਾਲੋਂ ਲਗਭਗ 30 ਫ਼ੀਸਦੀ ਜ਼ਿਆਦਾ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਦੱਸਿਆ ਕਿ 21 ਨਵੰਬਰ ਤੱਕ ਝੋਨੇ ਦੀ 727605 ਮੀਟਰਿਕ ਟਨ ਰਿਕਾਰਡ ਆਮਦ ਹੋਈ ਹੈ, ਜਿਸ ਵਿੱਚੋਂ ਸਾਰੇ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਜ਼ਿਲ੍ਹਾ ਤਰਨਤਾਰਨ ਦੀਆਂ ਮੰਡੀਆਂ ਵਿੱਚ ਕੁੱਲ 5 ਲੱਖ 88 ਹਜ਼ਾਰ 988 ਮੀਟਰਿਕ ਟਨ ਝੋਨੇ ਦੀ ਆਮਦ ਹੋਈ ਸੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 21 ਅਕਤੂਬਰ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚੋਂ ਖਰੀਦ ਕੀਤੀ ਗਈ ਫ਼ਸਲ ਦੀ ਲੱਗਭੱਗ 1 ਹਜ਼ਾਰ 14 ਕਰੋੜ 27 ਲੱਖ ਦੀ ਅਦਾਇਗੀ ਕਿਸਾਨਾਂ ਨੂੰ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਪਨਗਰੇਨ ਵੱਲੋਂ 473 ਕਰੋੜ 56 ਲੱਖ, ਮਾਰਕਫੈੱਡ ਵੱਲੋਂ 198 ਕਰੋੜ 2 ਲੱਖ, ਪਨਸਪ ਵੱਲੋਂ 210 ਕਰੋੜ 14 ਲੱਖ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 118 ਕਰੋੜ 19 ਲੱਖ, ਪੰਜਾਬ ਐਗਰੋ ਵੱਲੋਂ 115 ਕਰੋੜ 6 ਲੱਖ ਅਤੇ ਐਫ.ਸੀ.ਆਈ. ਵੱਲੋਂ 25 ਕਰੋੜ 30 ਲੱਖ ਰੁਪਏ ਦੀ ਅਦਾਇਗੀ ਕਿਸਾਨਾਂ ਨੂੰ ਕੀਤੀ ਗਈ ਹੈ।

ਉਨ੍ਹਾਂ ਦੱਸਿਆ ਕਿ 21 ਨਵੰਬਰ ਤੱਕ ਵੱਖ-ਵੱਖ ਏਜੰਸੀਆਂ ਵੱਲੋਂ 727605 ਮੀਟਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪਨਗਰੇਨ ਵੱਲੋਂ 300036 ਮੀਟਰਿਕ ਟਨ, ਮਾਰਕਫੈੱਡ ਵੱਲੋਂ 126698, ਪਨਸਪ ਵੱਲੋਂ 132416, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 74934, ਪੰਜਾਬ ਐਗਰੋ ਵੱਲੋਂ 77266 ਅਤੇ ਐੱਫ.ਸੀ.ਆਈ. ਵੱਲੋਂ 17255 ਮੀਟਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਹੈ।